ਕਾਨੜਾ ਮਹਲਾ ੫ ॥ ਬੂਡਤ ਪ੍ਰਾਨੀ ਹਰਿ ਜਪਿ ਧੀਰੈ ॥ ਬਿਨਸੈ ਮੋਹੁ ਭਰਮੁ ਦੁਖੁ ਪੀਰੈ ॥੧॥ ਰਹਾਉ ॥ ਸਿਮਰਉ ਦਿਨੁ ਰੈਨਿ ਗੁਰ ਕੇ ਚਰਨਾ ॥ ਜਤ ਕਤ ਪੇਖਉ ਤੁਮਰੀ ਸਰਨਾ ॥੧॥ ਸੰਤ ਪ੍ਰਸਾਦਿ ਹਰਿ ਕੇ ਗੁਨ ਗਾਇਆ ॥ ਗੁਰ ਭੇਟਤ ਨਾਨਕ ਸੁਖੁ ਪਾਇਆ ॥੨॥੮॥੨੭॥ {ਪੰਨਾ 1303}

ਪਦ ਅਰਥ:- ਬੂਡਤ ਪ੍ਰਾਨੀ—(ਵਿਕਾਰਾਂ ਵਿਚ) ਡੁੱਬ ਰਿਹਾ ਮਨੁੱਖ। ਜਪਿ—ਜਪ ਕੇ। ਧੀਰੈ—(ਪਾਰ ਲੰਘ ਸਕਣ ਲਈ) ਹੌਸਲਾ ਹਾਸਲ ਕਰ ਲੈਂਦਾ ਹੈ। ਬਿਨਸੈ—ਨਾਸ ਹੋ ਜਾਂਦਾ ਹੈ। ਭਰਮੁ—ਭਟਕਣਾ। ਪੀਰੈ—ਪੀੜ।1। ਰਹਾਉ।

ਸਿਮਰਉ—ਸਿਮਰਉਂ, ਮੈਂ ਸਿਮਰਦਾ ਹਾਂ। ਰੈਨਿ—ਰਾਤ। ਜਤ ਕਤ—ਜਿਧਰ ਕਿਧਰ। ਪੇਖਉ—ਪੇਖਉਂ, ਮੈਂ ਵੇਖਦਾ ਹਾਂ।1।

ਸੰਤ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ। ਗੁਰ ਭੇਟਤ—ਗੁਰੂ ਨੂੰ ਮਿਲਦਿਆਂ।2।

ਅਰਥ:- ਹੇ ਭਾਈ! (ਸੰਸਾਰ-ਸਮੁੰਦਰ ਵਿਚ) ਡੁੱਬ ਰਿਹਾ ਮਨੁੱਖ (ਗੁਰੂ ਦੀ ਰਾਹੀਂ) ਪਰਮਾਤਮਾ ਦਾ ਨਾਮ ਜਪ ਕੇ (ਪਾਰ ਲੰਘ ਸਕਣ ਲਈ) ਹੌਸਲਾ ਪ੍ਰਾਪਤ ਕਰ ਲੈਂਦਾ ਹੈ, (ਉਸ ਦੇ ਅੰਦਰੋਂ) ਮਾਇਆ ਦਾ ਮੋਹ ਮਿਟ ਜਾਂਦਾ ਹੈ, ਭਟਕਣਾ ਦੂਰ ਹੋ ਜਾਂਦੀ ਹੈ, ਦੁੱਖ-ਦਰਦ ਨਾਸ ਹੋ ਜਾਂਦਾ ਹੈ।1। ਰਹਾਉ।

ਹੇ ਭਾਈ! ਮੈਂ (ਭੀ) ਦਿਨ ਰਾਤ ਗੁਰੂ ਦੇ ਚਰਨਾਂ ਦਾ ਧਿਆਨ ਧਰਦਾ ਹਾਂ। ਹੇ ਪ੍ਰਭੂ! ਮੈਂ ਜਿਧਰ ਕਿਧਰ ਵੇਖਦਾ ਹਾਂ (ਗੁਰੂ ਦੀ ਕਿਰਪਾ ਨਾਲ) ਮੈਨੂੰ ਤੇਰਾ ਹੀ ਸਹਾਰਾ ਦਿੱਸ ਰਿਹਾ ਹੈ।1।

ਹੇ ਨਾਨਕ! ਗੁਰੂ ਦੀ ਕਿਰਪਾ ਨਾਲ (ਜਿਹੜਾ ਮਨੁੱਖ) ਪਰਮਾਤਮਾ ਦੇ ਗੁਣ ਗਾਣ ਲੱਗ ਪਿਆ, ਗੁਰੂ ਨੂੰ ਮਿਲਦਿਆਂ ਉਸ ਨੇ ਆਤਮਕ ਆਨੰਦ ਪ੍ਰਾਪਤ ਕਰ ਲਿਆ।2।8। 27।